OSWAL GREENTECH LIMITED

November 06, 2026

BSE Limited
Phiroze Jeejeebhoy Towers,
Dalal Street, Fort,
Mumbai – 400 001.
Scrip Code: 539290

National Stock Exchange of India Limited
Exchange Plaza, 5th Floor, Plot No. C/1,
Block G, Bandra-Kurla Complex,
Bandra (East), Mumbai – 400 051.
NSE Symbol: OSWALGREEN

Sub.: Intimation regarding completion of dispatch of Notice of Postal ballot and submission of Newspaper Advertisement made in this regard

Dear Sir/Madam,

Pursuant to Regulation 30 read along with Schedule III of SEBI (Listing Obligations & Disclosure Requirements) Regulations, 2015, the Company has completed dispatch of the Notice of Postal ballot dated November 04, 2026 through electronic mode on November 05, 2026 to all those Members whose names appear in the Register of Members / list of Beneficial Owners maintained by the Company / Depositories as at close of business hours on October 30, 2026 (i.e. Cut-off date).

In compliance with Regulation 47 of SEBI (Listing Obligations & Disclosure Requirements) Regulations, 2015, we are hereby enclosing copies of the Newspaper advertisement on November 06, 2026 regarding completion of dispatch of the Notice of Postal Ballot.

This is for your information and records.

Thanking you,
FOR OSWAL GREENTECH LIMITED

HARSHENDRA MANDLOI
Digitally signed by HARSHENDRA MANDLOI
Date: 2026.11.06 11:53:54 +05'30'

HARSHENDRA MANDLOI
COMPANY SECRETARY & COMPLIANCE OFFICER
M.NO.: A81271

Encl: a/a

Standard Chartered Capital Limited

CIN: U65990MH2003PLC142829
Registered Office: Crescenzo, 12th Floor, G Block, C 38/39, BKC, Bandra (E), Mumbai - 400 051, Maharashtra, India. **Website:** www.sccapital.in,
Email: SCCapital.customercare@sc.com, **Toll Free No.:** 18002090505

STATEMENT OF UNAUDITED FINANCIAL RESULTS FOR THE QUARTER ENDED SEPTEMBER 30, 2026
[Regulation 52(8), read with regulation 52(4) of the Listing Regulations]

(INR Lacs)

Sr. No.	Particulars	Quarter Ended		Year Ended
		September 30, 2026	September 30, 2025	March 31, 2026
		(Unaudited)	(Unaudited)	(Audited)
1	Total Income from Operations	15,252	22,236	86,982
2	Net Profit / (Loss) for the period (before Tax, Exceptional and/or Extraordinary Items*)	6,727	8,613	34,375
3	Net Profit / (Loss) for the period before Tax (after Exceptional and/or Extraordinary Items*)	6,727	8,613	34,375
4	Net Profit / (Loss) for the period after Tax (after Exceptional and/or Extraordinary Items*)	5,001	6,418	25,615
5	Total Comprehensive Income for the period [Comprising Profit / (Loss) for the period (after Tax) and Other Comprehensive Income (after tax)]	4,954	6,382	25,635
6	Paid-up Equity Share Capital	55,968	55,968	55,968
7	Reserves (Excl Revaluation Reserves)	1,17,751	1,07,157	1,19,984
8	Securities Premium Account	39,079	39,079	39,079
9	Net worth	2,12,798	2,02,203	2,15,031
10	Paid-up Debt Capital / Outstanding Debt	3,16,075	6,36,137	4,86,545
11	Outstanding Redeemable Preference Shares	-	-	-
12	Debt Equity Ratio	1.49	3.15	2.26
13	Earnings per share of face value of Rs 10 each (for continued and discontinued operations)			
	(a) Basic (INR)	0.89	1.15	4.58
	(b) Diluted (INR)	0.89	1.15	4.58
14	Capital Redemption Reserve	-	-	-
15	Debenture Redemption Reserve	-	-	-
16	Debt Service Coverage Ratio	NA	NA	NA
17	Interest Service Coverage Ratio	NA	NA	NA

*Exceptional and/or Extra Ordianry items adjusted in the Statement of Profit and Loss in accordance with Ind AS Rules / AS Rules, whichever is applicable.

Notes:

a) The above is an extract of the detailed format of quarterly/ audited annual financial results filed with the Stock Exchanges under Regulation 52 of the SEBI (Listing and Other Disclosure Requirements) Regulations, 2015. The full format of the financial results is available on the websites of the Stock Exchange and the listed entity Standard Chartered Capital Limited (https://www.sccapital.in/policies-and-reports.html)

b) For the items referred in Regulation 52 (4) of the SEBI (Listing and Other Disclosure Requirements) Regulations, 2015, the pertinent disclosures have been made to the Stock Exchange (Bombay Stock Exchange) and can be accessed on the URL (https://www.sccapital.in/policies-and-reports.html)

c) The above financial results of the Company are reviewed and recommended by the Audit Committee and have been approved by the Board of Directors of the Company at its meeting held on November 4, 2026.

For and on behalf of the Board of Directors of
Standard Chartered Capital Limited

Sd/-
Abhinav Trivedi
MD & CEO
DIN: 08729945

Place : Mumbai
Date : November 4, 2026

Adfactors 516/26

OSWAL GREENTECH LIMITED

CIN: L24112PB1981PLC031099
Regd. Office: Near Jain Colony Vijay Inder Nagar, Daba Road, Ludhiana, Punjab, India, 141003
Tel: +91-161-2544238, **Email:** cs@oswalgreens.com,
Website: www.oswalgreens.com

NOTICE OF POSTAL BALLOT AND E-VOTING INSTRUCTIONS

Notice is hereby given that pursuant to the provisions of Sections 110 and Section 106 and all other applicable provisions, if any, of the Companies Act, 2013 read with rules guidelines/ standards issued thereunder, SEBI (Listing Obligation and Disclosure Requirements) Regulations, 2015 and other applicable laws, Oswal Greentech Limited (the Company) is seeking the approval of its members through Postal Ballot, by way of remote e-voting only ("Postal Ballot or remote e-voting") in respect of the resolutions set out in the Postal Ballot Notice dated November 4, 2026 (the 'Notice).

The Notice covering detailed explanatory statement and instructions for remote e-voting and other relevant documents, are available on the Company's website(www.oswalgreens.com) and also on the website of National Stock Exchange (www.nseindia.com) and BSE Limited (BSE) (www.bseindia.com).The Notice also be accessed by scanning the given QR Code.

Members are hereby informed that:

a) In accordance with the MCA Circulars, the Company has on November 5, 2026 completed the dispatch of Postal Ballot Notice to the members of the Company whose name(s) appear on the Register of Members/ List of Beneficial Owners as on Friday, October 30, 2026 through electronic mail to the Members whose email ids are registered in the records of Depository Participants/ Company's Registrar & Transfer Agent.

b) The Company has engaged the services of National Securities Depository Limited (NSDL) for facilitating e-voting to enable the Members to cast their votes electronically.

c) The remote e-voting commences on Saturday, November 7, 2026 at 09:00 hours IST and ends on Sunday, December 6, 2026 at 17:00 hours IST.

d) The members whose shares are in physical form and whose email ids are not registered with Registrar & Share Transfer Agent may update the same as mentioned in the Postal Ballot notice.

e) The Company has appointed M/s Anuj Gupta & Associates, Practising Company Secretaries (FRN: S2015DE314800), ACS No. 31025, CP No. 13025 Practising Company Secretary, as Scrutinizer for conducting the Postal Ballot voting process in accordance with the law and in a fair and transparent manner.

f) The result of voting by postal ballot will be declared on or before Tuesday, December 8, 2026 and will be available at the website of the Company i.e. www.oswalgreens.com and on the website of National Securities Depositories Limited ("NSDL") and will be communicated to the Stock Exchange simultaneously.

g) The detailed instructions regarding in case of any queries, you may reach to:

- NSDL helpdesk by sending a request at evoting@nsdl.co.in or call at toll free no.: 1800 1020 990 and 1800 22 4430.
- CDSL helpdesk by sending a request at helpdesk.evoting@cdslindia.com or contact at 022- 23058738 or 022-23058542-43
- Refer the Frequently Asked Questions (FAQs) for Shareholders and e-voting user manual for Shareholders available at the download section of www.evoting.nsdl.com or call on toll free no.: 1800 1020 990 and 1800 22 4430

FOR OSWAL GREENTECH LIMITED
Sd/-
HARSHENDRA MANDLOI
COMPANY SECRETARY & COMPLIANCE OFFICER

DATE: 5TH NOVEMBER, 2026
PLACE: NEW DELHI

Hindustan Times FIRST VOICE. LAST WORD.

UNDERSTAND CULTURE.

Every Saturday, HT Brunch explores the people, ideas and cultural shifts behind the moments everyone is talking about.



HT brunch RELAX. THE WEEKEND'S HERE
EVERY SATURDAY IN HINDUSTAN TIMES

hindustantimes htTweets www.hindustantimes.com

BHARTI TELECOM LIMITED

CIN: U32039HR1985PLC032091
Registered Office: Airtel Centre, Plot No. 16, Udyog Vihar, Phase IV, Gurugram - 122015, Haryana, India
Corporate Office: Bharti Crescent, 1, Nelson Mandela Road, Vasant Kunj, Phase II, New Delhi - 110070, India
Tel.: +91-124-4222222, **Email:** compliance.officer@bharti.in, **Website :** www.bhartitelecom.in

Audited Financial Results for the second quarter and six months ended September 30, 2026

In compliance of Regulation 52 of SEBI (Listing Obligations and Disclosure Requirements) Regulations, 2015, the Board of Directors of Bharti Telecom Limited (the 'Company') in its meeting held on Thursday, November 05, 2026, approved the Audited Standalone Financial Results for the second quarter and six months ended September 30, 2026 ('Financial Results').

The detailed Financial Results along with the auditors' reports thereon, are available on the website of the Company at **https://www.bhartitelecom.in/investorRelations.html** and on the website of stock exchange i.e. National Stock Exchange of India Limited at **www.nseindia.com**. The Financial Results and auditors' reports can also be accessed by scanning the given QR Code.

For Bharti Telecom Limited
Sd/-
Rohit Krishan Puri
Company Secretary &
Chief Compliance Officer

Date: November 05, 2026
Place: New Delhi

BHARTI HEXACOM LIMITED

CIN: L61100HR1995PLC132187
Registered Office: Airtel Center, Plot No.16, Udyog Vihar, Phase - IV, Gurugram - 122015, India
Corporate Office: Bharti Crescent, 1, Nelson Mandela Road, Vasant Kunj, Phase-II, New Delhi - 110070, India
Tel.: +91-124-4222222; Fax: +91-124-4248063
Email: bhartihexacom@bharti.in, Website: www.bhartihexacom.in

Audited Financial Results for the second quarter and six months ended September 30, 2026

In compliance of Regulation 33 of SEBI (Listing Obligations and Disclosure Requirements) Regulations, 2015, the Board of Directors of Bharti Hexacom Limited (the 'Company') in its meeting held on Thursday, November 05, 2026, approved the Audited Financial Results for the second quarter and six months ended September 30, 2026 ('Financial Results').

The detailed Financial Results along with the auditor's reports thereon, are available on the website of the Company at **https://www.bhartihexacom.in/results-quarterly-results.html** and on the website of stock exchanges i.e. National Stock Exchange of India Limited and BSE Limited at **www.nseindia.com** and **www.bseindia.com**, respectively. The Financial Results and auditor's reports can also be accessed by scanning the given QR Code.

For and on behalf of
Bharti Hexacom Limited
Sd/-
Amit Chaturvedi
Company Secretary &
Compliance Officer

Date : November 5, 2026
Place : New Delhi

यमुना एक्सप्रेसवे औद्योगिक विकास प्राधिकरण

प्रथम तल, कॉमर्शियल कॉम्प्लेक्स, ओमेगा–1 (पी–2), ग्रेटर नौएडा सिटी, जनपद–गौतमबुद्धनगर–201308 (उ0प्र0)
फोन नं0: 0120–2395152, वेबसाइट: www.yamunaexpresswayauthority.com

पत्रांक : वाई.ई.ए./बिल्डर्स/6541/2026 दिनांक: 05.11.2026

सार्वजनिक सूचना

यमुना एक्सप्रेसवे औद्योगिक विकास प्राधिकरण की 10 भूखण्डों की ग्रुपहाउसिंग योजना YEA-GH-12/2026 ई–ऑक्शन के माध्यम से दिनांक 25.09.2026 को प्रकाशित की गयी थी। उक्त ग्रुपहाउसिंग योजना YEA-GH-12/2026 की अवधि निम्नानुसार बढायी जाती है –

End Date & Time For Registration	23-11-2026 at 5:00 AM onwards
End Date and Time For Submission of Brochure Fees Processing Fees & EMD	24-11-2026 at 5:00 PM
Scheme Close on	24-11-2026 at 5:00 PM
Date & Time for Display of Names of Bidders Qualified For E-Auction	29-12-2026 on or after 5:00 PM
Date & Time For E-Auction	31-12-2026 from 11:00 AM till End

प्रबन्धक (बिल्डर्स), यमुना एक्सप्रेसवे औ0 वि0 प्राधिकरण

महत्वपूर्ण सूचनाः यमुना एक्सप्रेसवे औद्योगिक विकास प्राधिकरण के अधिसूचित क्षेत्र में प्राधिकरण द्वारा स्वीकृत मास्टर प्लान के अतिरिक्त प्लॉटिंग/हाउसिंग/कॉलोनी या किसी भी प्रकार का अन्य निर्माण पूरी तरह से अवैध है। सामान्यजन इस प्रकार की खरीद–फरोख्त से पूर्णतः सचेत रहें तथा कॉलोनाइजर के भ्रामक विज्ञापनों से बचें। अधिक जानकारी के लिए प्राधिकरण की वेबसाइट www.yamunaexpresswayauthority.com देखें।

यमुना एक्सप्रेसवे औद्योगिक विकास प्राधिकरण

प्रथम तल, कॉमर्शियल कॉम्प्लेक्स, ओमेगा–1, (पी–2), ग्रेटर नौएडा
Toll Free No.18001808296 वेबसाइट: www.yamunaexpresswayauthority.com

पत्रांक: वाई.ई.ए./भूलेख/772/2026 दिनांक: 03.10.2026

सार्वजनिक सूचना

मुख्य कार्यपालक अधिकारी महोदय के अनुमोदन दिनांक 27.10.2026 के क्रम में निम्नलिखित भूमि का यमुना एक्सप्रेसवे औद्योगिक विकास प्राधिकरण द्वारा अतिरिक्त प्रतिकर वितरण किया जाना प्रस्तावित है:–

सैक्टर का नाम	ग्राम निलौनी शाहपुर, 60 मीट चौडी सडक व ग्रीन बैल्ट, सैक्टर 20 पाकेट ई, 24मी चौडी सडक, 100मी0 चौडी सडक, भूखण्ड संख्या जी0ए0–02 सैक्टर–18, 7 प्रतिशत आबादी भूखण्ड व सैक्टर–20 के ग्रुप हाउसिंग भूखण्डों	
	ग्राम	गाटा संख्या
60मी0 चौडी सडक व ग्रीन बैल्ट, सैक्टर 20 पाकेट–ई, 24 मी0 चौडी सडक, 100 मी0 चौडी सडक, भूखण्ड संख्या जी0ए0–02 सैक्टर–18, 7 प्रतिशत आबादी भूखण्ड व सैक्टर–20 के ग्रुप हाउसिंग भूखण्डों	ग्राम निलौनी शाहपुर	260, 261, 297, 300, 677, 681, 721, 714, 777, 779, 1121, 706, 707, 708, 239, 236, 410

1. यदि मूल काश्तकार की मृत्यु हो गई है तो उनके वारिसानों द्वारा निर्धारित प्रक्रिया पूर्ण करने व मूल काश्तकार का मृत्यु प्रमाण–पत्र, वारिसान प्रमाण–पत्र, परिवार रजिस्टर की नकल, हिस्सा दर्श खतौनी की नकल, परिवार सदस्यता प्रमाण व शपथ–पत्र, अनुबंध पत्र, पहचान पत्र/आधार कार्ड व ब्यान आदि जमा करने पर RTGS/NEFT के माध्यम से वारिसानों के नाम Transfer किया जायेगा।
2. वर्तमान में काश्तकारों को RTGS/NEFT के माध्यम से भुगतान किया जा रहा है। काश्तकार सुसंगत पहचान पत्र जैसे आधार कार्ड, पैन कार्ड, मतदाता पहचान पत्र आदि व अन्य आवश्यक अभिलेख जैसे शपथ–पत्र अनुबन्ध पत्र आदि तैयार करा लें। बैंक खाते व प्राधिकरण में उपलब्ध अभिलेखों में काश्तकार का नाम एक समान होना चाहिए अन्यथा RTGS/NEFT के माध्यम से भुगतान में अड़चन आ सकती है। अतः बैंक खाते में नाम भी सही करा लें ताकि भुगतान में कोई अड़चन न आवें। तालिका में शामिल गाटा संख्या के काश्तकार उक्त अभिलेख 15 दिन से पूर्व ही प्राधिकरण में जमा करा दें ताकि उनकी समय से जाँच हो सके तथा भौतिक कब्जा सत्यापन उपरांत उनका भुगतान RTGS/NEFT के माध्यम से यथाशीघ्र कराया जा सके।
3. भूमि के अतिरिक्त प्रतिकर वितरण किये जाने में यदि किसी व्यक्ति को कोई आपत्ति है तो वह लिखित रूप में प्रकाशन के 15 दिनों के अन्दर सी0आर0 सेल/तहसीलदार, यमुना एक्सप्रेसवे प्राधिकरण के समक्ष अपनी आपत्ति प्रस्तुत कर सकता है।

विशेष कार्याधिकारी
यमुना एक्सप्रेसवे औ0 वि0 प्राधिकरण।

महत्वपूर्ण सूचना : यमुना एक्सप्रेसवे औद्योगिक विकास प्राधिकरण के अधिसूचित क्षेत्र में प्राधिकरण द्वारा स्वीकृत मास्टर प्लॉन के अतिरिक्त प्लॉटिंग / हाउसिंग / कॉलोनी या किसी भी प्रकार का अन्य निर्माण पूरी तरह से अवैध है। सामान्यजन इस प्रकार की खरीदफरोख्त से पूर्णतः सचेत रहें तथा कॉलोनाइजर के भ्रामक विज्ञापनों से बचें। अधिक जानकारी के लिए प्राधिकरण की वेबसाइट **www.yamunaexpresswayauthority.com** देखें।

Have fun with facts on Sundays

Catch the latest column of HT TWTW
THE WEEK THAT WAS
A quiz on the week's development.



HT FIRST VOICE. LAST WORD.

ਲਾਇਲਪੁਰ ਖ਼ਾਲਸਾ ਕਾਲਜ ਨੇ ਜ਼ੋਨਲ ਯੁਵਕ ਮੇਲੇ 'ਚ ਜਿੱਤੀ ਰਨਰਅਪ ਟਰਾਫੀ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਅਕਾਦਮਿਕ ਖੋਜ ਅਤੇ ਖੇਡਾਂ ਦੇ ਖੇਤਰ ਵਿੱਚ ਪ੍ਰਾਪਤੀਆਂ ਦੇ ਨਾਲ-ਨਾਲ ਕਲਚਰਲ ਖੇਤਰ ਵਿੱਚ ਵੀ ਮੱਲਾਂ ਮਾਰ ਰਿਹਾ ਹੈ। ਕਲਚਰਲ ਖੇਤਰ ਵਿੱਚ ਪ੍ਰਾਪਤੀਆਂ ਦਾ ਸਿਲਸਿਲਾ ਜਾਰੀ ਰੱਖਦਿਆਂ ਕਾਲਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਯੁਵਕ ਮੇਲੇ ਦੇ 'ਸੀ' ਜ਼ੋਨ ਦੀ ਫਸਟ ਰੱਨਰਅਪ ਟ੍ਰਾਫ਼ੀ ਜਿੱਤ ਕੇ ਇਕ ਰਿਕਾਰਡ ਕਾਇਮ ਕੀਤਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਹੋਏ ਇਸ ਯੁਵਕ ਮੇਲੇ ਵਿੱਚ ਯੂਨੀਵਰਸਿਟੀ ਨਾਲ ਸੰਬੰਧਤ ਜ਼ਿਲ੍ਹਾ ਜਲੰਧਰ ਦੇ 18ਕਾਲਜਾਂ ਨੇ ਭਾਗ ਲਿਆ ਜਿਸ ਵਿੱਚ ਕਾਲਜ ਨੇ ਯੂਨੀਵਰਸਿਟੀ ਦੁਆਰਾ ਕਰਵਾਏ ਜਾਂਦੇ 40 ਈਵੈਂਟ ਦੇ ਮੁਕਾਬਲਿਆਂ ਵਿੱਚ ਭਾਗ ਲੈਂਦਿਆਂ 93 ਅੰਕ ਪ੍ਰਾਪਤ ਕਰਕੇ ਇਹ ਟ੍ਰਾਫ਼ੀ ਜਿੱਤੀ ਹੈ। ਕਾਲਜ ਦੀ ਇਸ ਪ੍ਰਾਪਤੀ 'ਤੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਅਤੇ ਵਾਈਸ ਪ੍ਰੈਜ਼ੀਡੈਂਟ ਦੀਪਇੰਦਰ ਸਿੰਘ ਪੁਰੇਵਾਲ ਅਤੇ ਜਸਪਾਲ ਸਿੰਘ ਵੜੈਚ ਜੁਆਇੰਟ ਸੈਕਟਰੀ ਨੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ, ਡੀਨ ਕਲਚਰਲ ਅਫੇਅਰਜ਼ ਡਾ. ਪਲਵਿੰਦਰ ਸਿੰਘ ਬੋਲੀਨਾ ਤੇ ਉਨ੍ਹਾਂ ਦੀ ਸਮੁੱਚੀ ਕਲਚਰਲ ਟੀਮ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਸ ਬਲਬੀਰ ਕੌਰ, ਪ੍ਰਧਾਨ ਕਾਲਜ ਗਵਰਨਿੰਗ ਕੌਂਸਲ ਦੀ ਸੁਯੋਗ ਅਗਵਾਈ ਅਤੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਹੀ ਕਾਲਜ ਪੜ੍ਹਾਈ ਦੇ ਨਾਲ-ਨਾਲ ਕਲਚਰਲ ਖੇਤਰ ਵਿੱਚ ਵੀ ਪ੍ਰਾਪਤੀਆਂ ਕਰ ਰਿਹਾ ਹੈ ਉਹਨਾਂ ਕਿਹਾ ਕਿ ਲਾਇਲਪੁਰ ਖ਼ਾਲਸਾ ਕਾਲਜ ਹਮੇਸ਼ਾ ਹੀ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਵਚਨਬਧ ਹੈ। ਡੀਨ ਕਲਚਰਲ ਅਫੇਅਰਜ਼, ਡਾ. ਪਲਵਿੰਦਰ ਸਿੰਘ ਨੇ ਦੱਸਿਆ ਕਿ ਯੁਵਕ ਮੇਲੇ 'ਚ ਲਾਇਲਪੁਰ ਖ਼ਾਲਸਾ ਕਾਲਜ ਨੇ 08 ਆਈਟਮਾਂ ਵਿੱਚ ਪਹਿਲਾ ਸਥਾਨ, 13 ਵਿੱਚ ਦੂਜਾ ਸਥਾਨ ਅਤੇ 06 ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਇਹ ਟ੍ਰਾਫੀ ਆਪਣੇ ਨਾਂ ਕੀਤੀ ਹੈ। ਉਹਨਾਂ ਦੱਸਿਆ ਕਿ ਸਾਰੀਆਂ ਟੀਮਾਂ ਦੇ ਅਧਿਆਪਕ ਇੰਚਾਰਜ ਸਾਹਿਬਾਨ ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ ਤੇ ਪ੍ਰੋ. ਸੁਖਦੇਵ ਸਿੰਘ, ਡਾ. ਅਜੀਤਪਾਲ ਸਿੰਘ, ਪ੍ਰੋ. ਸਤਪਾਲ ਸਿੰਘ, ਡਾ. ਸਰਬਜੀਤ ਸਿੰਘ, ਡਾ. ਹਰਜਿੰਦਰ ਕੌਰ, ਡਾ. ਰਵਨੀਤ ਕੌਰ, ਡਾ. ਮੰਜੂ ਜੋਸ਼ੀ, ਪ੍ਰੋ. ਮਨਦੀਪ ਸਿੰਘ ਭਾਟੀਆ, ਪ੍ਰੋ. ਨਵਨੀਤ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਸੰਦੀਪ ਸਿੰਘ, ਪ੍ਰੋ. ਜਸਦੀਪ ਸਿੰਘ, ਪ੍ਰੋ. ਕਮਲਪ੍ਰੀਤ ਕੌਰ, ਪ੍ਰੋ. ਲਿਵਪ੍ਰੀਤ, ਪ੍ਰੋ. ਕਿਰਨ ਅਮਰ, ਪ੍ਰੋ. ਮਯੂਰੀ, ਪ੍ਰੋ. ਸੋਨੀਆ, ਪ੍ਰੋ. ਪ੍ਰੀਤੀ, ਪ੍ਰੋ. ਸੰਜੈ ਸ਼ਾਦ, ਪ੍ਰੋ. ਭਾਗਵਤ ਕੁਮਾਰ, ਪ੍ਰੋ. ਨਰੇਸ਼ ਕੁਮਾਰ, ਪ੍ਰੋ. ਸਪਨਾ ਸੈਣੀ, ਪ੍ਰੋ. ਕਾਰਤਿਕ, ਪ੍ਰੋ. ਰਾਖੀ ਤਲਵਾਰ ਅਤੇ ਹੋਰ ਸਟਾਫ ਮੈਂਬਰ ਦੀ ਸਖਤ ਮਿਹਨਤ ਅਤੇ ਵਿਦਿਆਰਥੀਆਂ ਦੀ ਲਗਨ ਸਦਕਾ ਹੀ ਅਸੀਂ ਇਹ ਟ੍ਰਾਫੀ ਜਿੱਤ ਸਕੇ ਹਾਂ।



ਕਟਾਰੀਆ ਨੂੰ ਮੁੜ ਟਿਕਟ ਮਿਲਣ 'ਤੇ ਅਨਿਲ ਨਾਹਰ ਨੇ ਹਾਈਕਮਾਂਡ ਦਾ ਕੀਤਾ ਧੰਨਵਾਦ

ਬਲਾਚੌਰ (ਜਸਵਿੰਦਰ ਬੈਂਸ)- ਆਮ ਆਦਮੀ ਪਾਰਟੀ ਵੱਲੋਂ ਹਲਕਾ ਬਲਾਚੌਰ ਤੋਂ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਮੁੜ ਪਾਰਟੀ ਦੀ ਟਿਕਟ ਦਿੱਤੇ ਜਾਣ 'ਤੇ ਹਲਕਾ ਕੋਆਰਡੀਨੇਟਰ ਅਨਿਲ ਨਾਹਰ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਇਸ ਫੈਸਲੇ ਦਾ ਸਵਾਗਤ ਕਰਦਿਆਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਅਨਿਲ ਨਾਹਰ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਸੰਤੋਸ਼ ਕਟਾਰੀਆ 'ਤੇ ਮੁੜ ਭਰੋਸਾ ਜਤਾਉਣਾ ਪਾਰਟੀ ਦੀ ਮਜ਼ਬੂਤੀ ਅਤੇ ਹਲਕੇ ਵਿੱਚ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਮਿਲਿਆ ਮਾਣ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਲਿਆ ਗਿਆ ਇਹ ਫੈਸਲਾ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਪੈਦਾ ਕਰੇਗਾ।



ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦਾ ਮੀਟਿੰਗ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਵਾਸੀਓ ਇੱਕ ਵਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਮੌਕਾ ਦਿਓ ਅਤੇ ਸਰਦਾਰ ਸਿਮਰਨਜੀਤ ਸਿੰਘ ਮਾਨ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਓ ਪੰਜਾਬ ਨੂੰ ਤੱਤੀ ਹਵਾ ਨਹੀਂ ਲੱਗਣ ਦਿਆਂਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਅਤੇ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਪ੍ਰਧਾਨਗੀ ਹੇਠ ਵਿਧਾਨ ਸਭਾ ਹਲਕਾ ਟਾਂਡਾ ਦੇ ਜੋਨ ਇੰਚਾਰਜਾਂ ਦੀ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਡਾਕਟਰ ਜੱਖੂ ਨੇ ਦੱਸਿਆ ਕਿ ਅੱਜ ਦੀ ਇਹ ਮੀਟਿੰਗ ਸਾਡੇ ਬਹੁਤ ਹੀ ਸਤਿਕਾਰਯੋਗ ਵਿਛੜੇ ਸਾਥੀ ਸੰਦੀਪ ਸਿੰਘ ਖਾਲਸਾ ਨੂੰ ਸ਼ਰਧਾਂਜਲੀ ਦੇ ਕੇ ਸ਼ੁਰੂ ਕੀਤੀ ਗਈ। ਇਸ ਸਮੇਂ ਉਨਾਂ ਦੀ ਧਰਮ ਸੁਪਤਨੀ ਬੀਬੀ ਮਨਦੀਪ ਕੌਰ ਖਾਲਸਾ ਹਾਜਰ ਸਨ ਅਤੇ ਪਾਰਟੀ ਨੇ ਜਿਨਾਂ ਨੂੰ ਟਾਂਡਾ ਵਿਧਾਨ ਸਭਾ ਹਲਕਾ ਇੰਚਾਰਜ ਦੀ ਜਿੰਮੇਵਾਰੀ ਪਹਿਲਾਂ ਹੀ ਦਿੱਤੀ ਹੋਈ ਹੈ। ਇਸ ਸਮੇਂ ਡਾਕਟਰ ਜੱਖੂ ਨੇ ਕਿਹਾ 2017 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਲੋ ਬੇਗਮਪੁਰਾ ਖਾਲਸਾ ਰਾਜ ਦੇ ਸੰਕਲਪ ਦੀ ਪਹਿਰੇਦਾਰੀ, ਨਸ਼ਾ ਮੁਕਤੀ, ਪੁਲਿਸ ਜਬਰ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਮੁੱਖ ਚੋਣ ਮੁੱਦੇ ਹੋਣਗੇ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਕਿ 10 ਨਵੰਬਰ ਨੂੰ ਸਵਰਨ ਮੈਰਿਜ ਪੈਲਸ ਕੋਟ ਫਤੂਹੀ ਵਿਖੇ ਸਿਮਰਨਜੀਤ ਸਿੰਘ ਮਾਨ, ਇਮਾਨ ਸਿੰਘ ਮਾਨ, ਡਾਕਟਰ ਹਰਜਿੰਦਰ ਸਿੰਘ ਜੱਖੂ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸੰਗਤਾਂ ਨਾਲ ਮੌਜੂਦਾ ਹਾਲਾਤਾਂ ਤੇ ਚਾਨਣਾ ਪਾਉਣਗੇ। ਇਸ ਸਮੇਂ ਗੁਰਵਿੰਦਰ ਸਿੰਘ ਮਿਆਣੀ, ਮਹਿਤਾਬ ਸਿੰਘ ਹੁੰਦਲ, ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਗੁਰਵਿੰਦਰ ਸਿੰਘ ਗਿੱਦੜਵਿੰਡੀ, ਹੈਪੀ ਕੌਲ ਫਗਵਾੜਾ, ਹਰਭਜਨ ਸਿੰਘ ਜੌਹਲ, ਮਨਜਿੰਦਰ ਸਿੰਘ ਜੌਹਲ, ਅਮਨਦੀਪ ਸਿੰਘ ਜੌਹਲ, ਪ੍ਰੀਤ ਸਿੰਘ ਝੱਜ, ਗੁਰਦੀਪ ਸਿੰਘ ਝੱਜ, ਬਘੇਲ ਸਿੰਘ ਟਾਂਡਾ, ਇੰਦਰਜੀਤ ਸਿੰਘ, ਜਗਦੀਪ ਸਿੰਘ ਆਦਿ ਹਾਜ਼ਰ ਸਨ।



ਸਿਵਲ ਹਸਪਤਾਲ ਖ਼ੁਦ ਇਲਾਜ ਦਾ ਮੁਹਤਾਜ : ਡਾ. ਸਾਹੀ

ਦਸੂਹਾ (ਕਰਨੈਲ ਮਾਂਗਟ)- ਵਿਧਾਨ ਸਭਾ ਹਲਕਾ ਦਸੂਹਾ ਦੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਅਤੇ ਸਿਹਤ ਸੇਵਾਵਾਂ ਦੀ ਲਗਾਤਾਰ ਹੋ ਰਹੀ ਦੁਰਦਸ਼ਾ 'ਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਡਾ.ਹਰਸਿਮਰਤ ਸਾਹੀ,ਸੂਬਾ ਕਾਰਜਕਰਨੀ ਮੈਂਬਰ ਭਾਜਪਾ ਨੇ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਨੂੰ ਕਰੜੇ ਹੱਥੀਂ ਲਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਸਾਹੀ ਨੇ ਕਿਹਾ ਕਿ ਦਸੂਹਾ ਦਾ ਸਬ-ਡਵੀਜ਼ਨਲ (ਸਿਵਲ) ਹਸਪਤਾਲ, ਜਿਸ 'ਤੇ ਕੰਢੀ ਅਤੇ ਮੰਡ ਖੇਤਰ ਦੇ ਕਰੀਬ 400 ਪਿੰਡਾਂ ਅਤੇ ਸ਼ਹਿਰ ਦੀ ਵੱਡੀ ਆਬਾਦੀ ਨਿਰਭਰ ਕਰਦੀ ਹੈ, ਅੱਜ ਖੁਦ ਬੀਮਾਰ ਹੋ ਚੁੱਕਾ ਹੈ। ਹਸਪਤਾਲ ਵਿੱਚ ਮਾਹਿਰ ਡਾਕਟਰਾਂ, ਆਧੁਨਿਕ ਐਮਰਜੈਂਸੀ ਸੇਵਾਵਾਂ, ਆਈ.ਸੀ.ਯੂ. ਅਤੇ ਟਰੌਮਾ ਕੇਅਰ ਸੈਂਟਰ ਦੀ ਭਾਰੀ ਘਾਟ ਹੈ। ਰਾਤ ਵੇਲੇ ਜਾਂ ਕਿਸੇ ਗੰਭੀਰ ਹਾਦਸੇ ਦੀ ਸੂਰਤ ਵਿੱਚ ਮਰੀਜ਼ਾਂ ਨੂੰ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਤੁਰੰਤ ਜਲੰਧਰ ਜਾਂ ਅੰਮ੍ਰਿਤਸਰ ਰੈਫਰ ਕਰ ਦਿੱਤਾ ਜਾਂਦਾ ਹੈ, ਜਿਸ ਕਾਰਨ ਕਈ ਕੀਮਤੀ ਜਾਨਾਂ ਰਸਤੇ ਵਿੱਚ ਹੀ ਚਲੀਆਂ ਜਾਂਦੀਆਂ ਹਨ। ਇੱਥੇ ਜ਼ਿਕਰਯੋਗ ਇਹ ਹੈ ਕਿ ਹਸਪਤਾਲ ਦੇ ਸਰਕਾਰੀ ਕੁਆਰਟਰਾਂ ਨੂੰ ਖੰਡਰ ਐਲਾਨਿਆ ਜਾ ਚੁੱਕਾ ਹੈ, ਜੋ ਸਿਹਤ ਵਿਭਾਗ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਲਗਾਉਂਦਾ ਹੈ। ਆਯੁਸ਼ਮਾਨ ਭਾਰਤ ਸਿਹਤ ਬੀਮਾ ਯੋਜਨਾ ਦੇ ਲਾਗੂ ਕਰਨ ਅਤੇ ਇਸ ਦੇ ਤਹਿਤ ਮਰੀਜ਼ਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਦੀ ਵੀ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ।



ਪੰਜ ਰੋਜ਼ਾ ਨੇਚਰ ਫੈਸਟ 18 ਤੋਂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 18 ਤੋਂ 22 ਨਵੰਬਰ ਤੱਕ ਲਾਜਵੰਤੀ ਸਟੇਡੀਅਮ, ਹੁਸ਼ਿਆਰਪੁਰ ਵਿਖੇ ਕਰਵਾਏ ਜਾ ਰਹੇ 'ਨੇਚਰ ਫੈਸਟ-2026' ਅਤੇ ਸਖੀ ਸ਼ਕਤੀ ਮੇਲੇ ਨੂੰ ਸਫ਼ਲ, ਸੁਚੱਜੇ ਅਤੇ ਆਕਰਸ਼ਕ ਢੰਗ ਨਾਲ ਕਰਵਾਉਣ ਲਈ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਲੜੀ ਤਹਿਤ ਓ ਐੱਸ ਡੀ (ਸ਼ਹਿਰੀ ਮਾਮਲੇ) ਓਇਸ਼ੀ ਮੰਡਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਪੂਰੀ ਗੰਭੀਰਤਾ ਅਤੇ ਆਪਸੀ ਤਾਲਮੇਲ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ। ਓਇਸ਼ੀ ਮੰਡਲ ਨੇ ਕਿਹਾ ਕਿ ਨੇਚਰ ਫੈਸਟ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਜ਼ਿਲ੍ਹੇ ਦੀ ਕੁਦਰਤੀ ਸੁੰਦਰਤਾ, ਵਾਤਾਵਰਣ ਦੀ ਸੰਭਾਲ, ਸਥਾਨਕ ਕਲਾ-ਸੱਭਿਆਚਾਰ ਅਤੇ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਹੈ। ਇਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ, ਵਿਦਿਆਰਥੀਆਂ, ਸੈਲਾਨੀਆਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਇਸ ਲਈ ਸਾਰੇ ਵਿਭਾਗ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਹਿੱਸੇ ਆਉਣ ਵਾਲੇ ਕੰਮ ਨਿਰਧਾਰਤ ਸਮਾਂ-ਸੀਮਾ ਅੰਦਰ ਮੁਕੰਮਲ ਕੀਤੇ ਜਾਣ ਅਤੇ ਸਮਾਗਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਵਿਵਸਥਾ ਨਾ ਹੋਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਮਾਗਮ ਵਾਲੀ ਥਾਂ 'ਤੇ ਸਾਫ਼-ਸਫ਼ਾਈ, ਸੁਰੱਖਿਆ, ਆਵਾਜਾਈ ਪ੍ਰਬੰਧਨ, ਪਾਰਕਿੰਗ, ਸਾਫ਼ ਪੀਣ ਵਾਲੇ ਪਾਣੀ, ਲੋੜੀਂਦੀ ਰੌਸ਼ਨੀ, ਆਰਜ਼ੀ ਪਖਾਨਿਆਂ ਅਤੇ ਮੈਡੀਕਲ ਸਹੂਲਤਾਂ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ।ਮੀਟਿੰਗ ਵਿੱਚ ਐਸ ਡੀ ਐਮ ਹੁਸ਼ਿਆਰਪੁਰ ਪਰਮਪ੍ਰੀਤ ਸਿੰਘ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਗੁਰਕੰਵਲ ਸਿੰਘ, ਆਰਟੀਓ ਅਮਨਦੀਪ ਕੌਰ ਘੁੰਮਣ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



ਸਿਹਤ ਜਾਂਚ ਕੈਂਪ ਲਗਾਇਆ

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੋਲੀਟੈਕਨਿਕ ਕਾਲਜ ਦੀ 'ਸੇਵ ਅਰਥ ਸੁਸਾਇਟੀ' ਵੱਲੋਂ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਅਗਵਾਈ ਅਤੇ ਸੁਸਾਇਟੀ ਦੇ ਪ੍ਰਧਾਨ ਡਾ. ਸੰਜੇ ਬਾਂਸਲ ਦੀ ਰਹਿਨੁਮਾਈ ਹੇਠ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਫੋਰਟਿਸ ਹਸਪਤਾਲ ਦੇ ਮੈਨੇਜਰ ਰਾਜੇਸ਼ ਮਲਹੋਤਰਾ ਅਤੇ ਐਮ ਬੀ ਬੀ ਐਸ ਡਾ. ਸ਼ੀਲ ਗੁਲਾਟੀ ਆਪਣੀ ਟੀਮ ਸਮੇਤ ਵਿਸ਼ੇਸ਼ ਤੌਰ 'ਤੇ ਪਹੁੰਚੇ। ਕੈਂਪ ਦੀ ਸ਼ੁਰੂਆਤ ਮੌਕੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਡਾ. ਸੰਜੇ ਬਾਂਸਲ ਨੇ ਫੋਰਟਿਸ ਹਸਪਤਾਲ ਦੀ ਟੀਮ ਦਾ ਨਿੱਘਾ ਸਵਾਗਤ ਕੀਤਾ। ਸੁਸਾਇਟੀ ਦੀ ਉਪ-ਪ੍ਰਧਾਨ ਪ੍ਰੋ. ਮੀਨਾ ਬਾਂਸਲ ਨੇ ਦੱਸਿਆ ਕਿ ਕੈਂਪ ਦੌਰਾਨ ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਦੇ ਬਲੱਡ ਪ੍ਰੈਸ਼ਰ, ਨਬਜ਼ ਦੀ ਗਤੀ, ਖ਼ੂਨ ਵਿੱਚ ਆਕਸੀਜਨ ਦੀ ਮਾਤਰਾ ਅਤੇ ਰੈਂਡਮ ਬਲੱਡ ਸ਼ੂਗਰ ਦੀ ਜਾਂਚ ਕੀਤੀ ਗਈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਲੋੜੀਂਦੀ ਡਾਕਟਰੀ ਸਲਾਹ ਵੀ ਦਿੱਤੀ ਗਈ। ਜਾਂਚ ਦੌਰਾਨ ਡਾ. ਸ਼ੀਲ ਗੁਲਾਟੀ ਨੇ ਉਨ੍ਹਾਂ ਵਿਅਕਤੀਆਂ ਨੂੰ ਵਿਸ਼ੇਸ਼ ਸਲਾਹ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ, ਜਿਨ੍ਹਾਂ ਦਾ ਬਲੱਡ ਪ੍ਰੈਸ਼ਰ ਜਾਂ ਬਲੱਡ ਸ਼ੂਗਰ ਦਾ ਪੱਧਰ ਆਮ ਨਾਲੋਂ ਵੱਧ ਜਾਂ ਘੱਟ ਪਾਇਆ ਗਿਆ। ਕੈਂਪ ਦੇ ਸਫਲਤਾਪੂਰਵਕ ਸਮਾਪਤ ਹੋਣ 'ਤੇ ਡਾ. ਸੰਜੇ ਬਾਂਸਲ ਨੇ ਡਾ. ਸ਼ੀਲ ਗੁਲਾਟੀ, ਉਨ੍ਹਾਂ ਦੀ ਸਮੁੱਚੀ ਟੀਮ ਅਤੇ ਮੈਨੇਜਰ ਰਾਜੇਸ਼ ਮਲਹੋਤਰਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕੈਂਪ ਨੂੰ ਸੁਚਾਰੂ ਅਤੇ ਅਨੁਸ਼ਾਸਿਤ ਢੰਗ ਨਾਲ ਆਯੋਜਿਤ ਕਰਨ ਲਈ ਸੁਸਾਇਟੀ ਦੇ ਪ੍ਰਧਾਨ ਡਾ. ਸੰਜੇ ਬਾਂਸਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਸ਼ਲਾਘਾ ਕੀਤੀ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਪ੍ਰੋ. ਮੀਨਾ ਬਾਂਸਲ, ਪ੍ਰੋ. ਪ੍ਰਿੰਸ ਮਦਾਨ, ਸ਼ਸ਼ੀ ਭੂਸ਼ਣ, ਅਜੇ ਦੱਤਾ, ਅੰਕੁਸ਼, ਮਿਸ ਨੇਹਾ, ਪ੍ਰਤਾਪ, ਜਸਪਾਲ, ਗੋਕੁਲ ਅਤੇ ਰਸ਼ਪਾਲ ਸਮੇਤ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।



ਜ਼ਿਲ੍ਹੇ 'ਚ 12 ਦਸੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ : ਜ਼ਿਲ੍ਹਾ ਤੇ ਸੈਸ਼ਨ ਜੱਜ

ਬੰਗਾ (ਅਵਤਾਰ ਕਲੇਰ)- ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਪ੍ਰਾਪਤ ਹੁਕਮਾਂ ਤਹਿਤ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ਼ਹੀਦ ਭਗਤ ਸਿੰਘ ਨਗਰ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 12 ਦਸੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾ ਦੱਸਿਆ ਕਿ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਦਾਲਤੀ ਤੇ ਪ੍ਰੀ-ਲਿਟੀਗੇਟਿਵ ਪੜਾਅ 'ਤੇ ਆਏ ਰਾਜ਼ੀਨਾਮਾ ਹੋਣ ਯੋਗ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਨ ਲਈ ਜ਼ਿਲ੍ਹੇ ਵਿੱਚ 12 ਦਸੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ । ਉਨਾਂ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਪੈਨਸ਼ਨ ਕੇਸ ਸਮੇਤ ਸੇਵਾਵਾਂ ਦੇ ਕੇਸ, ਜ਼ਮੀਨ ਗ੍ਰਹਿਣ ਦੇ ਕੇਸ, ਰੈਵਿਨਿਊ ਦੇ ਕੇਸ, ਬੀ.ਐਸ.ਐਨ.ਐਲ ਦੇ ਕੇਸ, ਬੀਮਾ ਕੰਪਨੀ ਦੇ ਨਾਲ ਸਬੰਧਤ ਕੇਸ, ਵਿੱਤੀ ਫਾਇਨਾਂਸ ਦੇ ਕੇਸ, ਧਾਰਾ 138 ਅਧੀਨ ਐਨ ਆਈ ਐਕਟ ਕੇਸ, ਪੈਸੇ ਦੀ ਵਸੂਲੀ ਦੇ ਕੇਸ, ਬੈਂਕ ਲੋਨ ਨਾਲ ਸੰਬੰਧਤ ਕੇਸ, ਪਾਣੀ ਦੇ ਬਿੱਲ, ਕ੍ਰਿਮੀਨਲ ਕਪਾਉਂਡੇਬਲ ਕੇਸ, ਚੈਂਕ ਬਾਊਂਸ ਨਾਲ ਸੰਬੰਧਤ ਕੇਸ, ਮੋਟਰ ਐਕਸੀਡੈਂਟ ਕਲੇਮ ਕੇਸ, ਟ੍ਰਿਬਿਊਨਲ ਨਾਲ ਸੰਬੰਧਤ ਕੇਸ, ਵਿਵਾਹਿਤ ਝਗੜੇ, ਟ੍ਰੈਫਿਕ ਚਲਾਨ, ਲੇਬਰ ਵਿਵਾਦ ਦੇ ਕੇਸ, ਜਨਤਕ ਉਪਯੋਗਤਾ ਸੇਵਾਵਾਂ ਨਾਲ ਸੰਬੰਧਤ ਵਿਵਾਦ ਜਿਵੇਂ ਬਿਜਲੀ ਅਤੇ ਪਾਣੀ ਦੇ ਬਿੱਲਾਂ ਦੇ ਕੇਸ ਅਤੇ ਹੋਰ ਰਾਜ਼ੀਨਾਮਾ ਯੋਗ ਕੇਸਾਂ ਦੀ ਸੁਣਵਾਈ ਕੀਤੀ ਜਾਵੇਗੀ ।ਉਨਾਂ ਕਿਹਾ ਕਿ ਕੌਮੀ ਲੋਕ ਅਦਾਲਤ ਵਿੱਚ ਕੇਸ ਲਗਾਉਣ ਲਈ ਜੇਕਰ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਦਫਤਰ ਦੇ ਨੰਬਰ 01823-223511 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ ।



ਅਕਾਲੀ ਦਲ ਪੁਨਰ ਸੁਰਜੀਤ ਨੂੰ ਵੱਡਾ ਝਟਕਾ, ਕਈ ਆਗੂਆਂ ਨੇ ਦਿੱਤੇ ਅਸਤੀਫੇ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ ਜਦੋਂ ਪਾਰਟੀ ਦੇ ਕਈ ਅਹੁਦੇਦਾਰਾਂ ਅਤੇ ਵਰਕਰਾਂ ਨੇ ਪਾਰਟੀ ਦੀ ਮੈਂਬਰਸ਼ਿਪ ਤੋਂ ਅਸਤੀਫਾ ਦੇਣ ਦਾ ਐਲਾਨ ਕਰਦਿਆਂ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਦੇ ਨਾਲ ਖੜ੍ਹਨ ਦਾ ਫੈਸਲਾ ਕੀਤਾ। ਇਸ ਸਬੰਧੀ ਇੰਦਰਜੀਤ ਸਿੰਘ ਬੇਦੀ ਜ਼ਿਲ੍ਹਾ ਡੈਲੀਗੇਟ, ਸੁਰਜੀਤ ਸਿੰਘ ਚਹੜ ਮਜਾਰਾ ਜ਼ਿਲ੍ਹਾ ਡੈਲੀਗੇਟ ਅਤੇ ਪਰਮਜੀਤ ਸਿੰਘ ਪੰਮਾ ਸਰਕਲ ਪ੍ਰਧਾਨ ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਉਹ ਪੁਨਰ ਸੁਰਜੀਤ ਅਕਾਲੀ ਦਲ ਦੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਇਹ ਹੱਕ ਦਿੰਦੇ ਹਨ ਕਿ ਉਹ ਪੰਜਾਬ ਦੀ ਭਲਾਈ ਅਤੇ ਪੰਥਕ ਏਕਤਾ ਲਈ ਜੋ ਵੀ ਫੈਸਲਾ ਲੈਣਗੇ, ਉਹ ਉਸ ਫੈਸਲੇ ਵਿੱਚ ਉਨ੍ਹਾਂ ਦੇ ਨਾਲ ਡਟ ਕੇ ਖੜ੍ਹੇ ਰਹਿਣਗੇ। ਇਸ ਮੌਕੇ ਪ੍ਰੋਫੈਸਰ ਹਰਦੀਪ ਸਿੰਘ ਜ਼ਿਲ੍ਹਾ ਡੈਲੀਗੇਟ, ਜਸਵਿੰਦਰ ਸਿੰਘ ਸੋਨੂ ਜ਼ਿਲ੍ਹਾ ਡੈਲੀਗੇਟ, ਅਜੀਤ ਸਿੰਘ ਡੈਲੀਗੇਟ, ਹਰਭਜਨ ਸਿੰਘ ਸਿਆਣੀ ਡੈਲੀਗੇਟ ਸਮੇਤ ਹੋਰ ਕਈ ਵਰਕਰਾਂ ਨੇ ਵੀ ਪਾਰਟੀ ਨੂੰ ਅਲਵਿਦਾ ਕਹਿਣ ਦਾ ਐਲਾਨ ਕੀਤਾ। ਇੰਦਰਜੀਤ ਸਿੰਘ ਬੇਦੀ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਦੌਰਾਨ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਦੇ ਕਾਰਜਕਾਲ ਵਿੱਚ ਪੰਜਾਬ ਨਸ਼ਿਆਂ ਅਤੇ ਕਰਜ਼ੇ ਦੀ ਦਲਦਲ ਵਿੱਚ ਫਸਦਾ ਗਿਆ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦੇ ਨਾਂ ਉੱਤੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਜਦਕਿ ਬੇਰੁਜ਼ਗਾਰੀ, ਗੈਂਗਸਟਰਵਾਦ, ਕਿਸਾਨੀ ਸੰਕਟ ਅਤੇ ਵਪਾਰਕ ਮੰਦਹਾਲੀ ਵਰਗੀਆਂ ਸਮੱਸਿਆਵਾਂ ਗੰਭੀਰ ਰੂਪ ਧਾਰਨ ਕਰ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹੁਣ ਇੱਕ ਮਜ਼ਬੂਤ ਖੇਤਰੀ ਪਾਰਟੀ ਤੋਂ ਹੀ ਵੱਡੀਆਂ ਉਮੀਦਾਂ ਹਨ ਅਤੇ ਇਸ ਮਕਸਦ ਦੀ ਪੂਰਤੀ ਲਈ ਪੰਥਕ ਏਕਤਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਦਾ ਬਿਗਲ ਕਿਸੇ ਵੀ ਸਮੇਂ ਵੱਜ ਸਕਦਾ ਹੈ, ਪਰ ਪੰਥਕ ਧਿਰਾਂ ਵੱਖ-ਵੱਖ ਪਾਰਟੀਆਂ ਬਣਾ ਕੇ ਆਪਣੀ-ਆਪਣੀ ਸਿਆਸੀ ਸਰਗਰਮੀ ਚਲਾ ਰਹੀਆਂ ਹਨ। ਇਸ ਕਾਰਨ ਲੋਕਾਂ ਦਾ ਵਿਸ਼ਵਾਸ ਵੀ ਪ੍ਰਭਾਵਿਤ ਹੋ ਰਿਹਾ ਹੈ।



10 ਕੁਇੰਟਲ ਅਸੁਰੱਖਿਅਤ ਖਾਧ ਪਦਾਰਥ ਜ਼ਬਤ, 50 ਕੁਇੰਟਲ ਮਿਲਾਵਟੀ ਦੁੱਧ-ਉਤਪਾਦ ਨਸ਼ਟ ਕੀਤੇ

ਚੰਡੀਗੜ੍ਹ (ਗੁਰਜੀਤ ਬਿੱਲਾ)- ਤਿਉਹਾਰੀ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਦੇ ਖੁਰਾਕ ਸੁਰੱਖਿਆ ਵਿਭਾਗ ਨੇ ਸੂਬੇ ਭਰ ਵਿੱਚ ਖੁਰਾਕੀ ਪਦਾਰਥਾਂ ਵਿੱਚ ਮਿਲਾਵਟਖੋਰੀ ਰੋਕਣ ਅਤੇ ਲੋਕਾਂ ਨੂੰ ਸੁਰੱਖਿਅਤ, ਪੌਸ਼ਟਿਕ ਅਤੇ ਸ਼ੁੱਧ ਖਾਧ ਪਦਾਰਥਾਂ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਵੱਡੇ ਪੱਧਰ 'ਤੇ ਨਿਗਰਾਨੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਮੁਹਿੰਮ ਚਲ ਰਹੀ ਹੈ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਦੇ ਸਖ਼ਤ ਨਿਰਦੇਸ਼ਾਂ 'ਤੇ ਵਿਸ਼ੇਸ਼ ਟੀਮਾਂ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਵਿੱਚ ਨਿਰਮਾਣ ਇਕਾਈਆਂ, ਥੋਕ ਮੰਡੀਆਂ, ਮਿਠਾਈ ਦੀਆਂ ਦੁਕਾਨਾਂ, ਡੇਅਰੀਆਂ, ਰੈਸਟੋਰੈਂਟਾਂ ਅਤੇ ਪ੍ਰਚੂਨ ਦੁਕਾਨਾਂ 'ਤੇ ਦਿਨ-ਰਾਤ ਚੈਕਿੰਗ ਕਰ ਰਹੀਆਂ ਹਨ। ਸੂਬਾ ਸਰਕਾਰ ਦੇ ਇਸ ਸਖ਼ਤ ਰੁਖ਼ ਦਾ ਜ਼ਿਕਰ ਕਰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਉਨ੍ਹਾਂ ਲੋਕਾਂ ਵਿਰੁੱਧ 'ਜ਼ੀਰੋ-ਟਾਲਰੈਂਸ' ਨੀਤੀ ਅਪਣਾਈ ਹੈ, ਜੋ ਮਾਮੂਲੀ ਵਪਾਰਕ ਮੁਨਾਫ਼ੇ ਲਈ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਦੇ ਹਨ। ਸਿਹਤ ਮੰਤਰੀ ਨੇ ਚੇਤਾਵਨੀ ਦਿੰਦਿਆਂ ਕਿਹਾ, "ਤਿਉਹਾਰ ਖੁਸ਼ੀ ਅਤੇ ਜਸ਼ਨ ਦਾ ਸਮਾਂ ਹੁੰਦਾ ਹੈ ਅਤੇ ਹਰ ਘਰ ਤੱਕ ਮਿਲਾਵਟ ਰਹਿਤ ਤੇ ਪੌਸ਼ਟਿਕ ਭੋਜਨ ਪਹੁੰਚਾਉਣਾ ਸਾਡੀ ਪਹਿਲੀ ਤਰਜੀਹ ਹੈ।ਮਿਲਾਵਟਖੋਰੀ, ਨਕਲੀ ਵਸਤਾਂ ਬਣਾਉਣ ਜਾਂ ਘਟੀਆ ਪੱਧਰ ਦੇ ਖੁਰਾਕੀ ਪਦਾਰਥ ਵੇਚਣ ਵਾਲਿਆਂ ਵਿਰੁੱਧ 'ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006' ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।" ਸੂਬੇ ਭਰ 'ਚ ਚੱਲ ਰਹੀ ਇਸ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਸਿਹਤ ਮੰਤਰੀ ਨੇ ਦੱਸਿਆ ਕਿ ਪਿਛਲੇ ਇੱਕ ਮਹੀਨੇ ਦੌਰਾਨ ਖੁਰਾਕ ਸੁਰੱਖਿਆ ਵਿਭਾਗ ਨੇ ਤਿਉਹਾਰਾਂ ਦੇ ਦਿਨਾਂ 'ਚ ਸਭ ਤੋਂ ਵੱਧ ਵਰਤੀਆਂ ਜਾਣ ਵਾਲੀਆਂ ਵਸਤਾਂ- ਜਿਵੇਂ ਦੇਸੀ ਘਿਓ, ਦੁੱਧ, ਪਨੀਰ, ਖੋਆ, ਰਵਾਇਤੀ ਮਿਠਾਈਆਂ, ਖਾਣ ਵਾਲੇ ਤੇਲ, ਵਨਸਪਤੀ ਅਤੇ ਮਸਾਲਿਆਂ 'ਤੇ ਵਿਸ਼ੇਸ਼ ਤੌਰ ਤਿੱਖੀ ਨਜ਼ਰ ਰੱਖੀ ਹੈ। ਇਨ੍ਹਾਂ ਛਾਪੇਮਾਰੀਆਂ ਦੌਰਾਨ ਵਿਭਾਗ ਨੇ 11 ਟਨ ਤੋਂ ਵੱਧ ਅਜਿਹੇ ਖੁਰਾਕੀ ਪਦਾਰਥ ਜ਼ਬਤ ਕੀਤੇ ਹਨ, ਜਿਨ੍ਹਾਂ ਦੇ ਅਸੁਰੱਖਿਅਤ ਹੋਣ ਦਾ ਸ਼ੱਕ ਸੀ। ਇਨ੍ਹਾਂ ਖਾਧ-ਪਦਾਰਥਾਂ ਵਿੱਚ ਦੇਸੀ ਘਿਓ, ਪਨੀਰ, ਖੋਆ, ਮਿਠਾਈਆਂ, ਖਾਣ ਵਾਲੇ ਤੇਲ ਅਤੇ ਵਨਸਪਤੀ ਸ਼ਾਮਲ ਹਨ। ਇਸ ਤੋਂ ਇਲਾਵਾ ਲਗਭਗ 5 ਟਨ ਮਿਲਾਵਟੀ ਦੁੱਧ ਉਤਪਾਦ ਅਤੇ ਮਿਠਾਈਆਂ, ਜੋ ਖਾਣ ਲਈ ਪੂਰੀ ਤਰ੍ਹਾਂ ਅਯੋਗ ਸਨ, ਨੂੰ ਵੀ ਨਿਯਮਾਂ ਅਨੁਸਾਰ ਨਸ਼ਟ ਕੀਤਾ ਹੈ। ਇਸ ਸੂਬਾ ਪੱਧਰੀ ਮੁਹਿੰਮ ਤਹਿਤ ਵਿਭਾਗ ਨੇ ਲੈਬਾਰਟਰੀ ਜਾਂਚ ਲਈ ਕੁੱਲ 1950 ਖੁਰਾਕੀ ਨਮੂਨੇ ਇਕੱਠੇ ਕੀਤੇ ਗਏ। ਵਿਸ਼ੇਸ਼ ਤੌਰ 'ਤੇ ਪਨੀਰ ਅਤੇ ਖੋਏ ਦੀ ਸ਼ੁੱਧਤਾ ਦੀ ਜਾਂਚ ਕਰਨ ਲਈ ਚਲਾਈ ਗਈ ਮੁਹਿੰਮ ਦੌਰਾਨ ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਦੇ 437 ਨਮੂਨੇ ਲਏ ਗਏ ਅਤੇ ਉਨ੍ਹਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 218 ਨਮੂਨੇ ਨਿਰਧਾਰਤ ਮਾਪਦੰਡਾਂ 'ਤੇ ਖਰੇ ਨਹੀਂ ਉਤਰੇ, ਜਿਨ੍ਹਾਂ ਵਿੱਚੋਂ 51 ਨਮੂਨਿਆਂ ਨੂੰ ਅਧਿਕਾਰਤ ਤੌਰ 'ਤੇ ਅਸੁਰੱਖਿਅਤ ਅਤੇ ਮਿਲਾਵਟੀ ਐਲਾਨਿਆ ਗਿਆ ਹੈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਾਰੇ ਖੁਰਾਕ ਕਾਰੋਬਾਰੀਆਂ (ਐਫਬੀਓਜ਼) ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।



ਯੂਥ ਅਕਾਲੀ ਦਲ ਦੀ ਮਿਲਣੀ, ਇਕੱਠ ਨੇ ਧਾਰਿਆ ਰੈਲੀ ਦਾ ਰੂਪ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਹਲਕਾ ਨਕੋਦਰ ਦੇ ਐੱਸ.ਐੱਸ. ਰਿਜ਼ੋਰਟ ਵਿਖੇ ਯੂਥ ਅਕਾਲੀ ਦਲ ਵੱਲੋਂ ਵਿਸ਼ਾਲ ਯੂਥ ਮਿਲਣੀ ਕਰਵਾਈ ਗਈ, ਜਿਸ ਨੇ ਨੌਜਵਾਨਾਂ ਦੇ ਭਾਰੀ ਉਤਸ਼ਾਹ ਅਤੇ ਵੱਡੀ ਸ਼ਮੂਲੀਅਤ ਸਦਕਾ ਰੈਲੀ ਦਾ ਰੂਪ ਧਾਰ ਲਿਆ। ਇਸ ਮੌਕੇ ਸਮਾਗਮ ਦੀ ਅਗਵਾਈ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ, ਮੁੱਖ ਸੇਵਾਦਾਰ ਹਲਕਾ ਨਕੋਦਰ ਵੱਲੋਂ ਕੀਤੀ ਗਈ ਅਤੇ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਹੀ ਪੰਜਾਬ ਦੇ ਹਰ ਵਰਗ ਦਾ ਸਨਮਾਨ ਕਰਨ ਵਾਲੀ ਅਤੇ ਹਰ ਵਰਗ ਦੀ ਭਲਾਈ ਲਈ ਕੰਮ ਕਰਨ ਵਾਲੀ ਪਾਰਟੀ ਰਹੀ ਹੈ।

ਪਾਰਟੀ ਨੇ ਹਮੇਸ਼ਾ ਆਪਸੀ ਭਾਈਚਾਰਕ ਸਾਂਝ, ਸਮਾਜਿਕ ਬਰਾਬਰੀ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਯਤਨ ਕੀਤੇ ਹਨ। ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਨੇ ਨੌਜਵਾਨ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਨਦੇਹੀ ਅਤੇ ਇਕਜੁੱਟਤਾ ਨਾਲ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇਣ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ। ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਪੰਜਾਬ ਦੇ ਸੁਨਹਿਰੀ ਭਵਿੱਖ ਦੀ ਉਸਾਰੀ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਹੈ।ਇਸ ਮੌਕੇ ਚੇਅਰਮੈਨ ਪਰਵਿੰਦਰ ਸਿੰਘ ਸ਼ਾਮਪੁਰ , ਮੇਜਰ ਸਿੰਘ ਔਜਲਾ, ਹਰਵੇਲ ਸਿੰਘ ਹੁੰਦਲ ਸਰਕਲ ਪ੍ਰਧਾਨ ਉੱਗੀ ਜਸਵਿੰਦਰ ਸਿੰਘ ਲਾਂਬਾ ਸੁੱਚਾ ਸਿੰਘ ਗਾਂਧਰਾ,ਮੋਨੂ ਤਲਵਣ, ਪ੍ਰੀਤਮ ਸਿੰਘ ਬੁਰਜ ਹਸਨ ਸਰਪੰਚ ਜਸਵੰਤ ਸਿੰਘ ਸਿੰਘਪੁਰ ਦੋਨਾਂ, ਬਾਲੀ ਐਮਸੀ, ਗੁਰਪ੍ਰੀਤ ਸਿੰਘ ਭੰਡਾਲ ਬੂਟਾ, ਗੁਰਵਿੰਦਰ ਸਿੰਘ ਮਿਠੜਾ, ਇਕਬਾਲ ਸਿੰਘ ਸਹਿਮ, ਸੁਖਜੀਵਨ ਸਿੰਘ ਸਹਿਮ,ਡਾਕਟਰ ਜਸਵੰਤ ਸਿੰਘ ਭੰਡਾਲ ਹਿੰਮਤ, ਅਸ਼ੋਕ ਸਿੰਘ ਤਲਵਣ, ਹਰਬੰਸ ਸਿੰਘ ਦਰਦੀ, ਸੁਖਵਿੰਦਰ ਸਿੰਘ ਸੋਖਾ ਮੱਲੀਆਂ, ਗੁਰਮੀਤ ਸਿੰਘ ਸ਼ਾਦੀਪੁਰ, ਤਰਲੋਚਨ ਸਿੰਘ ਲੱਧੜ, ਸੁਖਦੇਵ ਸਿੰਘ ਗੋਹੀਰ, ਕੁੰਦਨ ਸਿੰਘ ਜਨਤਾ ਨਗਰ, ਜਸਪਿੰਦਰ ਸਿੰਘ ਚੀਮਾ, ਸਾਹਿਲ ਪ੍ਰੀਤ ਸਿੰਘ ਹਰਦੋ ਸੰਘਾ, ਕਮਲਜੀਤ ਸਿੰਘ ਗੋਖਾ ਪਵਾਦੜਾ, ਗੁਰਦੇਵ ਸਿੰਘ ਦੇਬੀ ਰਾਮੇਵਾਲ, ਹੀਰਾ ਸਿੰਘ ਧਾਲੀਵਾਲ, ਸਰਜੀਤ ਸਿੰਘ ਧਾਲੀਵਾਲ, ਮਨਿੰਦਰ ਕੌਰ ਬੋਪਾ ਰਾਏ, ਗੁਰਮੇਲ ਸਿੰਘ ਬੋਪਾਰਾਏ, ਸੰਦੀਪ ਵਰਮਾ, ਜੱਸੀ ਖੋਖੇਵਾਲ, ਕਮਲ ਟਾਲੀ, ਅਵਤਾਰ ਸਿੰਘ ਔਜਲਾ, ਪਿਆਰਾ ਸਿੰਘ ਬਿਲਗਾ, ਪਿਆਰਾ ਸਿੰਘ ਕੈਂਥ, ਬਾਬਾ ਜਗਵੀਰ ਸਿੰਘ ਬਿਲਗਾ, ਹਰਵੀਲ ਸਿੰਘ ਖੀਵਾ, ਅਗਿਆਕਾਰ ਸਿੰਘ ਜਹਾਂਗੀਰ, ਹਰਜਿੰਦਰ ਸਿੰਘ ਜਹਾਂਗੀਰ, ਐਡਵੋਕੇਟ ਜਸਵੰਤ ਸਿੰਘ ਬਲੱਗਣ, ਡਾਕਟਰ ਰਾਜਵੀਰ ਸਿੰਘ, ਸੀਰਾ ਸ਼ਾਮਪੁਰ, ਸਮੇਸ਼ ਅਰੋੜਾ, ਹਰਬਲਜੀਤ ਸਿੰਘ ਲੱਦੜ, ਪਵਿੱਤਰ ਸਿੰਘ ਸੰਘਾ, ਜਗਤਾਰ ਸਿੰਘ ਭੁੱਲਰ,ਸਤਵੀਰ ਸਿੰਘ ਲੱਦੜ, ਅਮਨ ਸ਼ੇਰਪੁਰ, ਬਿੰਦਰ ਸਿੰਘ ਭੁੱਲਰ, ਸੋਨੂ ਸੰਗੋਵਾਲ, ਰਵਿੰਦਰ ਸਿੰਘ ਸਰਪੰਚ, ਜੱਸਾ ਰਾਵਾਂ, ਪਰਗਨ ਸਿੰਘ ਬੁਰਜ, ਮਨਰਾਜ ਸਿੰਘ ਥੰਮਣਵਾਲ, ਜਸਵਿੰਦਰ ਸਿੰਘ ਸਰਪੰਚ ਮੋਵਾਈ, ਅਵਤਾਰ ਸਿੰਘ ਦਿਆ ਸਿੰਘ ਹਰਦੋਸੰਗਾ, ਅਮਰਜੀਤ ਸਿੰਘ ਹਰਦੋਸੰਗਾ ਅਮਰਿੰਦਰ ਸਿੰਘ ਨਾਗਰਾ, ਨੇਕਾਂ ਨਾਗਰਾ ਸਮੇਤ ਹੋਰ ਵੀ ਕਈ ਆਗੂ ਤੇ ਵਰਕਰ ਮੌਜੂਦ ਸਨ।



Retail Asset Centre: AXIS Bank Ltd. SCB-5, First Floor, Chotti Baradari, Patiala.147001 Corporate Off.: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025 Regd. Off.: 'Trishul', 3rd floor, opposite Samartheswar Temple, Law garden, Ellisbridge, Ahmadabad-380006

ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਲੜੀ ਨੰ.	ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ ਤੇ ਪਿਤਾ	ਰਹਿਣ ਕੀਤੀ ਜਾਇਦਾਦ ਦਾ ਵੇਰਵਾ
1	1. ਪਰਮਜੀਤ ਸਿੰਘ ਪੁੱਤਰ ਤਾਰਾ ਸਿੰਘ 2. ਗੁਰਪ੍ਰੀਤ ਕੌਰ ਪੁੱਤਰੀ ਪਰਮਜੀਤ ਸਿੰਘ 3. ਪਰਮਿੰਦਰ ਕੌਰ ਪਤਨੀ ਪਰਮਜੀਤ ਸਿੰਘ	ਸਭ ਕੁਝ ਰਿਹਾਇਸ਼ੀ ਜਾਇਦਾਦ ਦਾ ਅਟੁੱਟ ਹਿੱਸਾ, ਮਕਾਨ ਨੰ. ਬੀ-4/139 (ਯੂ ਪੀ ਆਈ ਐੱਨ ਨੰ. 25000295) ਰਕਬਾ 46.78 ਵਰਗ ਗਜ਼ ਪਤਾ ਵਾਕਿਆ ਕ੍ਰਿਸ਼ਨ ਨਗਰ, ਨਾਭਾ ਗੇਟ, ਤਹਿ. ਤੇ ਜ਼ਿਲ੍ਹਾ ਪਟਿਆਲਾ, ਸ੍ਰੀ ਪਰਮਜੀਤ ਸਿੰਘ ਪੁੱਤਰ ਤਾਰਾ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ ਨੰ. 2023-24/11/1/196 ਮਿਤੀ 06 ਅਪ੍ਰੈਲ 2023

ਐੱਨ ਪੀ ਏ ਮਿਤੀ	ਡਿਮਾਂਡ ਨੋਟਿਸ ਮਿਤੀ	ਕਬਜ਼ੇ ਦੀ ਮਿਤੀ
21 ਮਈ 2026	22 ਜੂਨ 2026	4 ਨਵੰਬਰ 2026

13-2 ਨੋਟਿਸ ਅਨੁਸਾਰ ਬਕਾਇਆ ਰਕਮ ਰੁਪਏ 19,54,715/- (ਰੁਪਏ ਉੱਨੀ ਲੱਖ ਚੁਰਿੰਜਾ ਹਜ਼ਾਰ ਸੱਤ ਸੌ ਪੰਦਰਾਂ ਕੇਵਲ)

ਸਥਾਨ : ਪੰਜਾਬ, ਮਿਤੀ : 06-11-2026 ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਟਿਡ

ਹੁਣ ਲੋਕ 2027 'ਚ ਕਾਂਗਰਸ ਨੂੰ ਸੱਤਾ ਸੌਂਪਣਗੇ : ਬਲਬੀਰ ਸਿੰਘ ਸਿੱਧੂ

ਚੰਡੀਗੜ੍ਹ (ਸੁਰਜੀਤ ਸੁਮਨ)- ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਹਲਕਾ ਮੋਹਾਲੀ ਤੋਂ 15 ਤੋਂ ਵੱਧ ਬੱਸਾਂ, 200 ਤੋਂ ਵੱਧ ਗੱਡੀਆਂ ਅਤੇ ਸੈਂਕੜੇ ਲੋਕਾਂ ਦਾ ਵਿਸ਼ਾਲ ਕਾਫ਼ਲਾ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਸੰਗਰੂਰ ਵਿਖੇ ਹੋਈ ਵਿਸ਼ਾਲ ਇਨਸਾਫ਼ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚਿਆ। ਇਸ ਕਾਫ਼ਲੇ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਰਕਰਾਂ ਤੇ ਸਮਰਥਕਾਂ ਨੇ ਸ਼ਿਰਕਤ ਕੀਤੀ।

ਸਿੱਧੂ ਨੇ ਕਿਹਾ ਕਿ ਰੈਲੀ ਵਿੱਚ ਮੋਹਾਲੀ ਦੇ ਲੋਕਾਂ ਅਤੇ ਕਾਂਗਰਸੀ ਵਰਕਰਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦਾ ਪ੍ਰਗਟਾਵਾ ਹੈ ਕਿ ਪੰਜਾਬ ਦੇ ਲੋਕ ਇਨਸਾਫ਼, ਲੋਕਤੰਤਰ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਕਾਂਗਰਸ ਪਾਰਟੀ ਨਾਲ ਖੜ੍ਹੇ ਹਨ।ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਨਾ ਤਾਂ ਨਸ਼ਿਆਂ ਤੋਂ ਰਾਹਤ ਮਿਲੀ ਹੈ ਅਤੇ ਨਾ ਹੀ ਅਮਨ-ਕਾਨੂੰਨ ਦੀ ਸਥਿਤੀ ਵਿੱਚ ਕੋਈ ਸੁਧਾਰ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਖ਼ਾਤਮਾ ਕਰਨ ਲਈ ਸਿਰਫ਼ ਨਾਅਰੇ ਲਗਾਉਣ ਨਾਲ ਕੰਮ ਨਹੀਂ ਚੱਲਣਾ। ਇਸ ਲਈ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਰੁਜ਼ਗਾਰ, ਚੰਗੀ ਸਿੱਖਿਆ ਅਤੇ ਖੇਡਾਂ ਦੇ ਮੌਕੇ ਮੁਹੱਈਆ ਕਰਵਾਉਣੇ ਲਾਜ਼ਮੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਦੇ ਹੱਥਾਂ ਵਿੱਚ ਰੁਜ਼ਗਾਰ ਦੇ ਮੌਕੇ ਦੇਣੇ ਪੈਣਗੇ। ਕਾਂਗਰਸ ਪਾਰਟੀ ਹਮੇਸ਼ਾ ਪੰਜਾਬ ਦੇ ਲੋਕਾਂ ਦੇ ਹੱਕਾਂ, ਸੂਬੇ ਦੀ ਤਰੱਕੀ ਅਤੇ ਨੌਜਵਾਨਾਂ ਦੇ ਬਿਹਤਰ ਭਵਿੱਖ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਅੱਗੇ ਵੀ ਕਰਦੀ ਰਹੇਗੀ।

ਅੰਤ ਵਿੱਚ ਬਲਬੀਰ ਸਿੰਘ ਸਿੱਧੂ ਨੇ ਵਿਸ਼ਵਾਸ ਜ਼ਾਹਰ ਕੀਤਾ ਕਿ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਦਰਜ ਕਰਕੇ ਸਰਕਾਰ ਬਣਾਏਗੀ।



ਸੀਨੀਅਰ ਸਿਟੀਜ਼ਨਜ਼ ਨਾਲ ਮਨਾਈ ਦੀਵਾਲੀ

ਰੂਪਨਗਰ (ਰਜਿੰਦਰ ਸੈਣੀ)- ਇੰਨਰਵੀਲ੍ਹ ਕਲੱਬ ਰੂਪਨਗਰ ਵਲੋਂ ਬਜ਼ੁਰਗਾ ਦੇ ਆਪਣਾ ਘਰ ਹਵੇਲੀ ਕਲਾਂ ਵਿਖੇ ਬਜ਼ੁਰਗਾ ਅਤੇ ਸੀਨੀਅਰ ਸਿਟੀਜ਼ਨਜ਼ ਨਾਲ ਰੋਸ਼ਨੀਆ ਦਾ ਤਿਉਹਾਰ ਦੀਵਾਲੀ ਬਹੁਤ ਹੀ ਉਤਸਾਹ ਨਾਲ ਮਨਾਈ ਗਈ। ਇਸ ਮੌਕੇ ਕਲੱਬ ਦੀ ਪ੍ਰਧਾਨ ਕੁਸ਼ਮ ਸ਼ਰਮਾ, ਕੈਸੀਸ਼ਰ ਮੀਨਲ ਵਾਸੁਦੇਵਾ ਤੇ ਸਰਗਰਮ ਮੈਂਬਰ ਪਰਵਿੰਦਰ ਕੌਰ ਪੰਦੋਹਲ ਵਲੋਂ ਇਸ ਘਰ ਦੇ ਬਜ਼ੁਰਗਾ ਤੇ ਕੇਅਰ ਟੇਕਰਜ਼ ਦਾ ਤੋਹਫੇ ਭੇਟ ਕਰਕੇ ਸਨਮਾਨ ਕੀਤਾ ਗਿਆ ਅਤੇ ਸਭ ਲਈ ਖਾਣੇ ਦਾ ਪ੍ਰਬੰਧ ਕੀਤਾ ਗਿਆ। ਉਨ੍ਹਾ ਕਿਹਾ ਕਿ ਸਾਨੂੰ ਇਸ ਆਸ਼ਰਮ ਵਿੱਚ ਆ ਕੇ ਆਪਣੇ ਪੇਕਿਆ ਵਰਗਾ ਅਹਿਸਾਸ ਹੁੰਦਾ ਹੈ। ਉਨ੍ਹਾਂ ਸਭ ਨੂੰ ਦੀਵਾਲੀ ਦੀ ਵਧਾਈ ਦਿੱਤੀ ਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਹਾਜ਼ਰ ਸਭ ਨੇ ਆਪਣੀ ਛੋਟੀ ਉਮਰ ਸਮੇਂ ਦੀਵਾਲੀ ਮਨਾਉਣ ਦੇ ਦਿਨਾਂ ਬਾਰੇ ਯਾਦਾ ਸਾਂਝੀਆ ਕੀਤੀਆ।ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਨੇ ਕਲੱਬ ਮੈਂਬਰਾਂ ਵਲੋਂ ਬਜ਼ੁਰਗਾ ਨਾਲ ਰੋਸ਼ਨੀ ਦੇ ਤਿਉਹਾਰ ਦੀਵਾਲੀ ਮਨਾਉਣ ਦੀ ਸੋਚ ਦਾ ਧੰਨਵਾਦ ਕੀਤੀ ਤੇ ਕਿਹਾ ਕਲੱਬ ਦਾ ਇਹ ਉਪਰਾਲਾ ਸਮਾਜ ਦੇ ਲੋਕਾਂ ਨੂੰ ਆਪਣੇ ਬਜ਼ੁਰਗਾ ਨੂੰ ਮਾਣ ਸਤਿਕਾਰ ਦੇਣ ਦਾ ਬਹੁਤ ਵਧਿਆ ਸੰਦੇਸ਼ ਵੀ ਦਿੰਦਾ ਹੈ। ਇਸ ਮੌਕੇ ਸੰਸਥਾ ਦੇ ਟਰੱਸਟੀ ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਜਗਦੇਵ ਸਿੰਘ ਤੋਂ ਇਲਾਵਾ ਸੀਨੀਅਰ ਸਿਟੀਜ਼ਨਜ਼ ਕੇ ਐਲ ਕਪੂਰ, ਤਰਸੇਮ ਸਿੰਘ, ਤਾਰਾ ਸਿੰਘ, ਹਰਮੇਸ ਲਾਲ, ਅਸ਼ਵਨੀ ਸਹਿਗਲ, ਸੁਖਦੇਵ ਸ਼ਰਮਾ, ਭਗਤ ਰਾਮ, ਸ਼ਾਮ ਲਾਲ ਗੋਇਲ, ਮੈਨੇਜਰ ਕੇ. ਐਸ. ਭੋਗਲ ਤੇ ਬਜ਼ੁਰਗ ਭੁਪਿੰਦਰ ਸਿੰਘ, ਜਸਵੰਤ ਸਿੰਘ, ਇੰਟਰਟੇਨਰ ਜਸਵੰਤ ਸਿੰਘ ਸਮੇਤ ਆਪਣੀ ਧਰਮਪਤਨੀ ਨਾਲ ਵੀ ਹਾਜ਼ਰ ਸਨ।



ABHEY OSWAL GROUP

ਓਸਵਾਲ ਗ੍ਰੀਨਟੈਕ ਲਿਮਟਿਡ

ਸੀ ਆਈ ਐਨ : ਐਲ 24112ਪੀ ਬੀ1981ਪੀ ਐਨ ਸੀ031099

ਰਜਿ. ਦਫ਼ਤਰ : ਨੇੜੇ ਜੈਨ ਕਲੋਨੀ, ਵਿਜੇ ਇੰਦਰ ਨਗਰ, ਡਾਬਾ ਰੋਡ, ਲੁਧਿਆਣਾ, ਪੰਜਾਬ, ਇੰਡੀਆ, 141003

ਟੈਲੀਫ਼ੋਨ: +91-161-2544238, ਈ-ਮੇਲ: cs@oswalgreens.com,

ਵੈੱਬਸਾਈਟ: www.oswalgreens.com

ਡਾਕ ਰਾਹੀਂ ਵੋਟਿੰਗ ਦਾ ਨੋਟਿਸ ਅਤੇ ਈ ਵੋਟਿੰਗ ਹਦਾਇਤਾਂ ਸਬੰਧੀ ਸੂਚਨਾ

ਇਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀਜ਼ ਐਕਟ, 2013 ਦੀਆਂ ਧਾਰਾਵਾਂ 110 ਅਤੇ 106 ਅਤੇ ਇਸ ਦੀਆਂ ਹੋਰ ਸਾਰੀਆਂ ਲਾਗੂ ਵਿਵਸਥਾਵਾਂ, ਇਸ ਅਧੀਨ ਜਾਰੀ ਨਿਯਮਾਂ, ਦਿਸ਼ਾ-ਨਿਰਦੇਸ਼ਾਂ ਅਤੇ ਮਿਆਰਾਂ, ਸੇਬੀ (ਲਿਸਟਿੰਗ ਓਬਲੀਗੇਸ਼ਨ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015 ਅਤੇ ਹੋਰ ਲਾਗੂ ਕਾਨੂੰਨਾਂ ਦੇ ਉਪਬੰਧਾਂ ਅਨੁਸਾਰ, ਓਸਵਾਲ ਗ੍ਰੀਨਟੈਕ ਲਿਮਟਿਡ (ਦਾ ਕੰਪਨੀ) ਆਪਣੇ ਮੈਂਬਰਾਂ ਤੋਂ 4 ਨਵੰਬਰ, 2026 (ਦਾ ਨੋਟਿਸ) ਨੂੰ ਜਾਰੀ ਕੀਤੇ ਗਏ ਡਾਕ ਰਾਹੀਂ ਵੋਟਿੰਗ ("ਪੋਸਟਲ ਬੈਲਟ ਜਾਂ ਰਿਮੋਟ ਈ ਵੋਟਿੰਗ") ਨੋਟਿਸ ਵਿੱਚ ਦਰਜ ਮਤਿਆਂ ਦੀ ਪ੍ਰਵਾਨਗੀ ਕੇਵਲ ਰਿਮੋਟ ਈ-ਵੋਟਿੰਗ ਰਾਹੀਂ ਪ੍ਰਾਪਤ ਕਰ ਰਹੀ ਹੈ।

ਵਿਸਤ੍ਰਿਤ ਵਿਆਖਿਆਤਮਕ ਬਿਆਨ, ਰਿਮੋਟ ਈ-ਵੋਟਿੰਗ ਲਈ ਹਦਾਇਤਾਂ ਅਤੇ ਹੋਰ ਸੰਬੰਧਤ ਦਸਤਾਵੇਜ਼ਾਂ ਸਮੇਤ ਇਹ ਨੋਟਿਸ ਕੰਪਨੀ ਦੀ ਵੈੱਬਸਾਈਟ (www.oswalgreens.com), 'ਤੇ ਉਪਲਬਧ ਹੈ ਅਤੇ ਇਹ ਨੈਸ਼ਨਲ ਸਟਾਕ ਐਕਸਚੇਂਜ (www.nseindia.com) ਅਤੇ ਬੀ ਐੱਸ ਈ ਲਿਮਟਿਡ (ਬੀ ਐੱਸ ਈ) (www.bseindia.com) ਦੀਆਂ ਵੈੱਬਸਾਈਟਾਂ 'ਤੇ ਵੀ ਉਪਲਬਧ ਹੈ। ਇਸ ਨੋਟਿਸ ਨੂੰ ਦਿੱਤੇ ਗਏ ਕਿਊ ਆਰ ਕੋਡ ਨੂੰ ਸਕੈਨ ਕਰਕੇ ਵੀ ਦੇਖਿਆ ਜਾ ਸਕਦਾ ਹੈ।

ਮੈਂਬਰਾਂ ਨੂੰ ਹੇਠ ਲਿਖੀਆਂ ਗੱਲਾਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਸੂਚਿਤ ਕੀਤਾ ਜਾਂਦਾ ਹੈ:

(ੳ) ਕੰਪਨੀ ਨੇ ਐੱਮ ਸੀ ਏ ਦੇ ਸਰਕੂਲਰਾਂ ਅਨੁਸਾਰ 5 ਨਵੰਬਰ, 2026 ਨੂੰ ਉਨ੍ਹਾਂ ਮੈਂਬਰਾਂ ਨੂੰ ਪੋਸਟਲ ਬੈਲਟ ਨੋਟਿਸ ਭੇਜਣ ਦੀ ਪ੍ਰਕਿਰਿਆ ਪੂਰੀ ਕਰ ਲਈ ਹੈ, ਜਿਨ੍ਹਾਂ ਦੇ ਨਾਂਅ ਸ਼ੁੱਕਰਵਾਰ, 30 ਅਕਤੂਬਰ, 2026 ਨੂੰ ਮੈਂਬਰਾਂ ਦੇ ਰਜਿਸਟਰ ਜਾਂ ਲਾਭਪਾਤਰੀ ਮਾਲਕਾਂ ਦੀ ਸੂਚੀ ਵਿੱਚ ਦਰਜ ਸਨ। ਇਹ ਨੋਟਿਸ ਉਨ੍ਹਾਂ ਮੈਂਬਰਾਂ ਨੂੰ ਈ-ਮੇਲ ਰਾਹੀਂ ਭੇਜਿਆ ਗਿਆ ਹੈ, ਜਿਨ੍ਹਾਂ ਦੀਆਂ ਈ-ਮੇਲ ਆਈਡੀਜ਼ ਡਿਪਾਜ਼ਟਰੀ ਪਾਰਟੀਸਿਪੈਂਟਸ ਜਾਂ ਕੰਪਨੀ ਦੇ ਰਜਿਸਟਰਾਰ ਅਤੇ ਟ੍ਰਾਂਸਫਰ ਏਜੰਟ ਦੇ ਰਿਕਾਰਡ ਵਿੱਚ ਦਰਜ ਹਨ।

(ਅ) ਕੰਪਨੀ ਨੇ ਮੈਂਬਰਾਂ ਨੂੰ ਇਲੈਕਟ੍ਰਾਨਿਕ ਢੰਗ ਨਾਲ ਆਪਣੀ ਵੋਟ ਪਾਉਣ ਦੀ ਸਹੂਲਤ ਦੇਣ ਲਈ ਨੈਸ਼ਨਲ ਸਕਿਓਰਿਟੀਜ਼ ਡਿਪਾਜ਼ਟਰੀ ਲਿਮਟਿਡ (ਐੱਨ ਐੱਸ ਡੀ ਐੱਲ) ਦੀਆਂ ਸੇਵਾਵਾਂ ਲਈਆਂ ਹਨ।

(ੲ) ਰਿਮੋਟ ਈ-ਵੋਟਿੰਗ ਦੀ ਪ੍ਰਕਿਰਿਆ ਸ਼ਨੀਵਾਰ, 7 ਨਵੰਬਰ, 2026 ਨੂੰ ਸਵੇਰੇ 9:00 ਵਜੇ (ਆਈ ਐੱਸ ਟੀ) ਸ਼ੁਰੂ ਹੋਵੇਗੀ ਅਤੇ ਐਤਵਾਰ, 6 ਦਸੰਬਰ, 2026 ਨੂੰ ਸ਼ਾਮ 5:00 ਵਜੇ ਆਈ ਐੱਸ ਟੀ ਸਮਾਪਤ ਹੋਵੇਗੀ।

(ਸ) ਜਿਨ੍ਹਾਂ ਮੈਂਬਰਾਂ ਦੇ ਸ਼ੇਅਰ ਭੌਤਿਕ ਰੂਪ ਵਿੱਚ ਹਨ ਅਤੇ ਜਿਨ੍ਹਾਂ ਦੀਆਂ ਈ-ਮੇਲ ਆਈਡੀਜ਼ ਰਜਿਸਟਰਾਰ ਅਤੇ ਸ਼ੇਅਰ ਟ੍ਰਾਂਸਫਰ ਏਜੰਟ ਕੋਲ ਦਰਜ ਨਹੀਂ ਹਨ, ਉਹ ਪੋਸਟਲ ਬੈਲਟ ਨੋਟਿਸ ਵਿੱਚ ਦਿੱਤੀਆਂ ਹਦਾਇਤਾਂ ਅਨੁਸਾਰ ਆਪਣੀ ਈ-ਮੇਲ ਆਈ ਡੀ ਦਰਜ ਕਰਵਾ ਸਕਦੇ ਹਨ।

(ਹ) ਕੰਪਨੀ ਨੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਅਤੇ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਪੋਸਟਲ ਬੈਲਟ ਵੋਟਿੰਗ ਦੀ ਪ੍ਰਕਿਰਿਆ ਸੰਪੰਨ ਕਰਵਾਉਣ ਲਈ ਮੈਸਰਜ਼ ਅਨੁਜ ਗੁਪਤਾ ਐਂਡ ਐਸੋਸੀਏਟਸ, ਪ੍ਰੈਕਟਿਸਿੰਗ ਕੰਪਨੀ ਸੈਕਰੇਟਰੀਜ਼ (ਐੱਫ ਆਰ ਐੱਨ : ਐੱਸ 20 15ਡੀ ਈ314800), ਏ ਸੀ ਐੱਸ ਨੰ. 31025, ਸੀ ਪੀ ਨੰ. 13025 ਨੂੰ ਸਕਰੂਟੀਨਾਈਜ਼ਰ ਨਿਯੁਕਤ ਕੀਤਾ ਹੈ।

(ਕ) ਪੋਸਟਲ ਬੈਲਟ ਰਾਹੀਂ ਪਾਈਆਂ ਗਈਆਂ ਵੋਟਾਂ ਦੇ ਨਤੀਜੇ ਮੰਗਲਵਾਰ, 8 ਦਸੰਬਰ, 2026 ਨੂੰ ਜਾਂ ਇਸ ਤੋਂ ਪਹਿਲਾਂ ਐਲਾਨੇ ਜਾਣਗੇ। ਇਹ ਨਤੀਜੇ ਕੰਪਨੀ ਦੀ ਵੈੱਬਸਾਈਟ www.oswalgreens.com ਅਤੇ ਨੈਸ਼ਨਲ ਸਕਿਓਰਿਟੀਜ਼ ਡਿਪਾਜ਼ਟਰੀ ਲਿਮਟਿਡ ("ਐੱਨ ਐੱਸ ਡੀ ਐੱਲ") ਦੀ ਵੈੱਬਸਾਈਟ 'ਤੇ ਉਪਲਬਧ ਹੋਣਗੇ ਅਤੇ ਇਸ ਦੀ ਸੂਚਨਾ ਸਟਾਕ ਐਕਸਚੇਂਜ ਨੂੰ ਵੀ ਨਾਲੋ-ਨਾਲ ਦਿੱਤੀ ਜਾਵੇਗੀ।

(ਖ) ਕਿਸੇ ਵੀ ਤਰ੍ਹਾਂ ਦੀ ਪੁੱਛਗਿੱਛ ਜਾਂ ਸਹਾਇਤਾ ਲਈ ਸੰਪਰਕ ਕਰ ਸਕਦੇ ਹੋ:

* ਐੱਨ ਐੱਸ ਡੀ ਐੱਲ ਹੈਲਪਡੈਸਕ: ਈ-ਮੇਲ: evoting@nsdl.co.in ਜਾਂ ਟੋਲ-ਫ੍ਰੀ ਨੰਬਰ 1800 1020 990 ਅਤੇ 1800 22 4430 'ਤੇ ਸੰਪਰਕ ਕਰੋ।
* ਸੀ ਡੀ ਐੱਸ ਐੱਲ ਹੈਲਪਡੈਸਕ: ਈ-ਮੇਲ: helpdesk.evoting@cdslindia.com ਜਾਂ ਫ਼ੋਨ ਨੰਬਰ 022-23058738 ਅਤੇ 022-23058542-43 'ਤੇ ਬੇਨਤੀ ਭੇਜ ਕੇ ਸੰਪਰਕ ਕਰੋ।
* ਸ਼ੇਅਰਧਾਰਕਾਂ ਲਈ ਅਕਸਰ ਪੁੱਛੇ ਜਾਂਦੇ ਸਵਾਲ (ਐਫ ਏ ਕਿਊਜ਼) ਅਤੇ ਈ-ਵੋਟਿੰਗ ਯੂਜ਼ਰ ਮੈਨੂਅਲ www.evoting.nsdl.com ਦੇ ਡਾਊਨਲੋਡ ਸੈਕਸ਼ਨ ਵਿੱਚ ਉਪਲਬਧ ਹਨ। ਇਸ ਤੋਂ ਇਲਾਵਾ ਟੋਲ-ਫ੍ਰੀ ਨੰਬਰ 1800 1020 990 ਅਤੇ 1800 22 4430 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਵਾਸਤੇ ਓਸਵਾਲ ਗ੍ਰੀਨਟੈਕ ਲਿਮਟਿਡ
ਸਹੀ/-
ਹਰਸ਼ੇਂਦਰਾ ਮੰਡਲੋਈ
(ਕੰਪਨੀ ਸਕੱਤਰ ਅਤੇ ਕੰਪਲਾਇੰਸ ਅਫਸਰ)

ਮਿਤੀ : 5 ਨਵੰਬਰ 2026
ਸਥਾਨ : ਨਵੀਂ ਦਿੱਲੀ

ਜਨਤਕ ਨੋਟਿਸ

[illegible]

ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 1)
ਦੂਸਰੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ
ਕੇਸ ਨੰ. ਕਿਊ ਏ 550/2025
ਈ ਐੱਕਸ ਐੱਚ 36751
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ

[illegible]

ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 1)
ਦੂਸਰੀ ਮੰਜ਼ਲ, ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ
ਕੇਸ ਨੰ. ਕਿਊ ਏ/132/2026
ਈ ਐੱਕਸ ਐੱਚ ਨੰ. 36893
ਕਰਜ਼ਾ ਵਸੂਲੀ ਟ੍ਰਿਬਿਊਨਲ (ਵਿਧੀ) ਰੂਲਜ਼, 1993 ਦੇ

[illegible]